# Telephone Conversation between PM and Sultan of Oman

April 07, 2020

# ਪ੍ਰਧਾਨ ਮੰਤਰੀ ਅਤੇ ਓਮਾਨ ਦੇ ਸੁਲਤਾਨ ਵਿਚਾਲੇ ਟੈਲੀਫੋਨ 'ਤੇ ਗੱਲਬਾਤ

07 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਓਮਾਨ ਦੇ ਸੁਲਤਾਨ ਮਹਾਮਹਿਮ ਹੈਥਮ ਬਿਨ ਤਾਰਿਕ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ ਵਰਤਮਾਨ ਕੋਵਿਡ -19 ਮਹਾਂਮਾਰੀ ਤੋਂ ਉਪਜੀਆਂ ਸਿਹਤ ਸੰਬੰਧੀ ਅਤੇ ਆਰਥਿਕ ਚੁਣੌਤੀਆਂ ਅਤੇ ਉਨ੍ਹਾਂ ਦਾ ਪ੍ਰਤੀਕਰਮ ਦੇਣ ਲਈ ਆਪਣੇ ਆਪਣੇ ਦੇਸ਼ਾਂ ਵੱਲੋਂ ਚੁੱਕੇ ਜਾ ਰਹੇ ਕਦਮਾਂ ਬਾਰੇ ਗੱਲਬਾਤ ਕੀਤੀ। ਉਨ੍ਹਾਂ ਇਸ ਗੱਲ ਉੱਤੇ ਸਹਿਮਤੀ ਦਿੱਤੀ ਕਿ ਦੋਵੇਂ ਦੇਸ਼ ਇਸ ਸੰਕਟ ਨਾਲ ਨਜਿੱਠਣ ਦੇ ਮਾਮਲੇ 'ਚ ਇੱਕ ਦੂਜੇ ਨੂੰ ਹਰ ਮੁਮਕਿਨ ਮਦਦ ਦੇਣਗੇ।

ਮਹਾਮਹਿਮ ਸੁਲਤਾਨ ਨੇ ਪ੍ਰਧਾਨ ਮੰਤਰੀ ਨੂੰ ਮੌਜੂਦਾ ਹਾਲਾਤ ਵਿੱਚ ਓਮਾਨ ਵਿੱਚ ਰਹਿ ਰਹੇ ਭਾਰਤੀ ਭਾਈਚਾਰੇ ਦੀ ਸੁਰੱਖਿਆ ਅਤੇ ਖੈਰੀਅਤ ਬਾਰੇ ਭਰੋਸਾ ਦਿੱਤਾ। ਉਨ੍ਹਾਂ ਨੇ ਭਾਰਤ ਸਰਕਾਰ ਵੱਲੋਂ ਭਾਰਤ ਵਿੱਚ ਓਮਾਨੀ ਨਾਗਰਿਕਾਂ ਨੂੰ ਮੁਹੱਈਆ ਕਰਵਾਈ ਗਈ ਹਾਲੀਆ ਮਦਦ ਲਈ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ।

ਪ੍ਰਧਾਨ ਮੰਤਰੀ ਨੇ ਮਹਾਮਹਿਮ ਸਵਰਗੀ ਸੁਲਤਾਨ ਕੱਬੂਸ ਦੇ ਅਕਾਲ ਚਲਾਣਾ ਕਰਨ ’ਤੇ ਮੁੜ ਆਪਣਾ ਅਫਸੋਸ ਪ੍ਰਗਟਾਇਆ। ਉਨ੍ਹਾਂ ਨੇ ਮਹਾਮਹਿਮ ਸੁਲਤਾਨ ਹੈਥਮ ਦੇ ਰਾਜ ਅਤੇ ਓਮਾਨ ਦੇ ਲੋਕਾਂ ਦੀ ਸ਼ਾਂਤੀ ਅਤੇ ਖੁਸ਼ਹਾਲੀ ਲਈ ਆਪਣੀਆਂ ਸ਼ੁੱਭ ਕਾਮਨਾਵਾਂ ਭੇਟਾ ਕੀਤੀਆਂ। ਉਨ੍ਹਾਂ ਨੇ ਇਸ ਗੱਲ ’ਤੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਓਮਾਨ ਨੂੰ ਆਪਣੇ ਵਿਆਪਕ ਗੁਆਂਢ ਦੇ ਮਹੱਤਵਪੂਰਨ ਹਿੱਸੇ ਵਜੋਂ ਮੰਨਦਾ ਹੈ।

ਨਵੀਂ ਦਿੱਲੀ
07 ਅਪ੍ਰੈਲ, 2020

DISCLAIMER : This is an approximate translation. The original is available in English on MEA’s website and may be referred to as the official press release.